# Global Storybooks

globalstorybooks.net

## ਜੋ ਵੂਮੀ ਦੀ ਭੈਣ ਨੇ ਕਿਹਾ


✎ Nina Orange
Wiehan de Jager
Anu Gill



This work is licensed under a Creative Commons Attribution 3.0 International License.

https://creativecommons.org/licenses/by/3.0



# ਜੋ ਵੂਮੀ ਦੀ ਭੈਣ ਨੇ ਕਿਹਾ

✎ Nina Orange
Wiehan de Jager
Anu Gill


4

ਪੰਜਾਬੀ pa

ਇੱਕ ਦਿਨ ਸਵੇਰੇ ਦਾਦੀ ਨੇ ਵੂਸੀ ਨੂੰ ਆਵਾਜ਼ ਦਿੱਤੀ, “ਵੂਸੀ, ਕਿਰਪਾ ਕਰਕੇ ਆਪਣੇ ਮਾਤਾ-ਪਿਤਾ ਨੂੰ ਇਹ ਅੰਡਾ ਦੇ ਆ। ਉਹ ਤੇਰੀ ਭੈਣ ਦੇ ਵਿਆਹ ਲਈ ਇੱਕ ਵੱਡਾ ਕੇਕ ਬਣਾਉਣਾ ਚਾਹੁੰਦੇ ਹਨ।”

ਵੂਸੀ ਦੀ ਭੈਣ ਨੇ ਥੋੜੀ ਦੇਰ ਲਈ ਸੋਚਿਆ, ਫਿਰ ਉਸ ਨੇ ਕਿਹਾ, “ਵੂਸੀ ਮੇਰੇ ਭਰਾ, ਮੈਂ ਸੱਚਮੁੱਚ ਤੋਹਫ਼ੇ ਬਾਰੇ ਪਰਵਾਹ ਨਹੀਂ ਕਰਦੀ। ਮੈਂ ਕੇਕ ਬਾਰੇ ਵੀ ਪਰਵਾਹ ਨਹੀਂ ਕਰਦੀ! ਆਪਾਂ ਸਭ ਇੱਥੇ ਇਕੱਠੇ ਹਾਂ, ਮੈਂ ਖੁਸ਼ ਹਾਂ। ਹੁਣ ਆਪਣੇ ਵਧੀਆ ਕੱਪੜੇ ਪਾ ਕੇ ਆ ਅਤੇ ਆਪਾਂ ਇਸ ਦਿਨ ਨੂੰ ਮਨਾਈਏ!” ਅਤੇ ਵੂਸੀ ਨੇ ਇਸ ਤਰ੍ਹਾਂ ਹੀ ਕੀਤਾ।



ਉਸ ਦੇ ਮਾਤਾ-ਪਿਤਾ ਦੇ ਘਰ ਜਾਂਦੇ ਹੋਏ, ਵੂਸੀ ਨੂੰ ਦੋ ਮੁੰਡੇ ਫ਼ਲ ਤੋੜਦੇ ਮਿਲੇ। ਇੱਕ ਮੁੰਡੇ ਨੇ ਵੂਸੀ ਤੋਂ ਅੰਡਾ ਖੋਇਆ ਅਤੇ ਰੁੱਖ ਤੇ ਸੁੱਟਿਆ। ਅੰਡਾ ਟੁੱਟ ਗਿਆ।

“ਇਹ ਤੂੰ ਕੀ ਕੀਤਾ?” ਵੁਸੀ ਰੋਇਆ। “ਉਹ ਅੰਡਾ ਕੇਕ ਲਈ ਸੀ। ਕੇਕ ਮੇਰੀ ਭੈਣ ਦੇ ਵਿਆਹ ਲਈ ਸੀ। ਮੇਰੀ ਭੈਣ ਕੀ ਕਹੇਗੀ ਜੇ ਵਿਆਹ ਵਿੱਚ ਕੋਈ ਕੇਕ ਨਾ ਹੋਇਆ?”



“ਮੈਂ ਕੀ ਕਰਾਂ?” ਵੁਸੀ ਰੋਇਆ। “ਗਾਂ ਜੋ ਭੱਜ ਗਈ ਤੋਹਫ਼ਾ ਸੀ, ਬਿਲਡਰਾਂ ਦੀ ਦਿੱਤੀ ਘਾਹ-ਫੂਸ ਦੇ ਬਦਲੇ। ਬਿਲਡਰਾਂ ਨੇ ਮੈਨੂੰ ਘਾਹ-ਫੂਸ ਦਿੱਤੀ ਸੀ ਕਿਉਕਿ ਉਹਨਾਂ ਨੇ ਫ਼ਲ ਤੋੜਨ ਵਾਲਿਆਂ ਦੀ ਸੋਟੀ ਤੋੜ ਦਿੱਤੀ ਸੀ। ਫ਼ਲ ਤੋੜਨ ਵਾਲਿਆਂ ਨੇ ਮੈਨੂੰ ਸੋਟੀ ਦਿੱਤੀ ਸੀ ਕਿਉਕਿ ਉਹਨਾਂ ਨੇ ਕੇਕ ਲਈ ਅੰਡਾ ਤੋੜ ਦਿੱਤਾ ਸੀ। ਕੇਕ ਮੇਰੀ ਭੈਣ ਦੇ ਵਿਆਹ ਲਈ ਸੀ। ਹੁਣ ਕੋਈ ਅੰਡਾ, ਕੋਈ ਕੇਕ, ਅਤੇ ਕੋਈ ਤੋਹਫ਼ਾ ਨਹੀਂ ਹੈ।”

ਪਰ ਗਾਂ ਰਾਤ ਦੇ ਖਾਂਣੇ ਸਮੇਂ ਵਾਪਸ ਕਿਸਾਨ ਕੋਲ ਭੱਜ ਗਈ। ਅਤੇ ਵੁਸੀ ਆਪਣੀ ਯਾਤਰਾ ਤੇ ਗੁੰਮ ਹੋ ਗਿਆ। ਉਹ ਆਪਣੀ ਭੈਣ ਦੇ ਵਿਆਹ ਵਿੱਚ ਬਹੁਤ ਦੇਰੀ ਨਾਲ ਪਹੁੰਚਿਆ। ਮਹਿਮਾਨ ਖਾਣਾਂ ਖਾ ਰਹੇ ਸਨ।



ਮੁੰਡਿਆਂ ਨੇ ਵੁਸੀ ਨੂੰ ਛੇੜਨ ਦਾ ਅਫ਼ਸੋਸ ਮੰਨਿਆ। “ਅਸੀਂ ਕੇਕ ਨਾਲ ਮਦਦ ਨਹੀਂ ਕਰ ਸਕਦੇ ਪਰ ਇਹ ਤੇਰੀ ਭੈਣ ਲਈ ਸੋਟੀ ਹੈ,” ਇੱਕ ਨੇ ਕਿਹਾ। ਵੁਸੀ ਆਪਣੀ ਯਾਤਰਾ ਤੇ ਜਾਰੀ ਰਿਹਾ।

ਰਸਤੇ ਵਿੱਚ ਉਸ ਨੂੰ ਦੋ ਆਦਮੀ ਘਰ ਬਣਾਉਦੇ ਮਿਲੇ। “ਕੀ ਅਸੀਂ ਉਹ ਮਜ਼ਬੂਤ ਸੋਟੀ ਵਰਤ ਸਕਦੇ ਹਾਂ?” ਇੱਕ ਨੇ ਪੁੱਛਿਆ। ਪਰ ਸੋਟੀ ਇਮਾਰਤ ਲਈ ਮਜ਼ਬੂਤ ਨਹੀਂ ਸੀ, ਅਤੇ ਉਹ ਟੁੱਟ ਗਈ।



ਗਾਂ ਨੇ ਲਾਲਚੀ ਹੋਣ ਦਾ ਅਫ਼ਸੋਸ ਮੰਨਿਆ। ਕਿਸਾਨ ਸਹਿਮਤ ਸੀ ਕਿ ਗਾਂ ਉਸ ਦੀ ਭੈਣ ਲਈ ਤੋਹਫ਼ੇ ਦੇ ਰੂਪ ਵਿੱਚ ਵੁਸੀ ਨਾਲ ਜਾ ਸਕਦੀ ਹੈ। ਅਤੇ ਇਸ ਤਰ੍ਹਾਂ ਵੁਸੀ ਜਾਰੀ ਰਿਹਾ।

“ਇਹ ਤੂੰ ਕੀ ਕੀਤਾ?” ਵੂਸੀ ਰੋਇਆ। “ਉਹ ਘਾਹ-ਫੂਸ ਮੇਰੀ ਭੈਣ ਲਈ ਤੋਹਫ਼ਾ ਸੀ। ਬਿਲਡਰਾਂ ਨੇ ਮੈਨੂੰ ਘਾਹ-ਫੂਸ ਦਿੱਤੀ ਸੀ ਕਿਉਕਿ ਉਹਨਾਂ ਨੇ ਫ਼ਲ ਤੋੜਨ ਵਾਲਿਆਂ ਦੀ ਸੋਟੀ ਤੋੜ ਦਿੱਤੀ ਸੀ। ਫ਼ਲ ਤੋੜਨ ਵਾਲਿਆਂ ਨੇ ਮੈਨੂੰ ਸੋਟੀ ਦਿੱਤੀ ਸੀ ਕਿਉਕਿ ਉਹਨਾਂ ਨੇ ਕੇਕ ਲਈ ਅੰਡਾ ਤੋੜ ਦਿੱਤਾ ਸੀ। ਕੇਕ ਮੇਰੀ ਭੈਣ ਦੇ ਵਿਆਹ ਲਈ ਸੀ। ਹੁਣ ਕੋਈ ਅੰਡਾ, ਕੋਈ ਕੇਕ, ਅਤੇ ਕੋਈ ਤੋਹਫ਼ਾ ਨਹੀਂ ਹੈ। ਮੇਰੀ ਭੈਣ ਕੀ ਕਹੇਗੀ?”



“ਇਹ ਤੂੰ ਕੀ ਕੀਤਾ?” ਵੂਸੀ ਰੋਇਆ। “ਉਹ ਸੋਟੀ ਮੇਰੀ ਭੈਣ ਲਈ ਤੋਹਫ਼ਾ ਸੀ। ਫ਼ਲ ਤੋੜਨ ਵਾਲਿਆਂ ਨੇ ਮੈਨੂੰ ਸੋਟੀ ਦਿੱਤੀ ਸੀ ਕਿਉਕਿ ਉਹਨਾਂ ਨੇ ਕੇਕ ਲਈ ਅੰਡਾ ਤੋੜ ਦਿੱਤਾ ਸੀ। ਕੇਕ ਮੇਰੀ ਭੈਣ ਦੇ ਵਿਆਹ ਲਈ ਸੀ। ਹੁਣ ਕੋਈ ਅੰਡਾ, ਕੋਈ ਕੇਕ, ਅਤੇ ਕੋਈ ਤੋਹਫ਼ਾ ਨਹੀਂ ਹੈ। ਮੇਰੀ ਭੈਣ ਕੀ ਕਹੇਗੀ?”

ਬਿਲਡਰਾਂ ਨੇ ਸੋਟੀ ਤੋੜਨ ਦਾ ਅਫ਼ਸੋਸ ਮੰਨਿਆ। “ਅਸੀਂ ਕੇਕ ਨਾਲ ਮਦਦ ਨਹੀਂ ਕਰ ਸਕਦੇ ਪਰ ਇਹ ਤੇਰੀ ਭੈਣ ਲਈ ਕੁਝ ਘਾਹ-ਫੂਸ ਹੈ,” ਇੱਕ ਨੇ ਕਿਹਾ। ਅਤੇ ਇਸ ਤਰ੍ਹਾਂ ਵੂਸੀ ਆਪਣੀ ਯਾਤਰਾ ਤੇ ਜਾਰੀ ਰਿਹਾ।



ਰਸਤੇ ਵਿੱਚ, ਵੂਸੀ ਨੂੰ ਇੱਕ ਕਿਸਾਨ ਅਤੇ ਗਾਂ ਮਿਲੇ। “ਕੀ ਸੁਆਦੀ ਘਾਹ-ਫੂਸ ਹੈ, ਕੀ ਮੈਂ ਇੱਕ ਟੁਕੜਾ ਲੈ ਸਕਦਾ ਹਾਂ?” ਗਾਂ ਨੇ ਪੁੱਛਿਆ। ਪਰ ਘਾਹ-ਫੂਸ ਇੰਨ੍ਹੀ ਸਵਾਦ ਸੀ ਕਿ ਗਾਂ ਸਾਰੀ ਖਾ ਗਈ!